ਦਫਤਰ ਡਾਇਰੈਕਟਰ ਰਾਜ ਸਿੱਖਿਆ ਖੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ
ਬਲਾਕ-ਈ, ਛੇਵੀਂ ਮੰਜ਼ਿਲ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ:, ਫੇਜ਼-8 ਐੱਸ.ਏ.ਐੱਸ. ਨਗਰ, ਮੁਹਾਲੀ
ਫੋਨ ਨੰਬਰ: 0172-2212221, ਫੈਕਸ ਨੰ: 0172-2212793

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ ਸਿੱਖਿਆ) ਪੰਜਾਬ
ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਪੰਜਾਬ
ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ
ਸਮੂਹ ਸਕੂਲ ਮੁੱਖੀ (ਸੈਕੰਡਰੀ/ਹਾਈ/ਮਿਡਲ/ਪ੍ਰਾਇਮਰੀ) ਪੰਜਾਬ
(ਵੈੱਬ ਸਾਇਟ ਰਾਹੀਂ)

ਮੀਮੋ ਨੰ: 10/1-2019(ਪੰਜਵੀਂ) ਮਿਤੀ: 5-4-19

ਵਿਸ਼ਾ: ਪੰਜਵੀਂ ਜਮਾਤ ਦੇ ਪਾਸ ਆਊਟ ਵਿਦਿਆਰਥੀਆਂ ਦੇ ਛੇਵੀਂ ਵਿੱਚ ਦਾਖਲੇ ਉਪਰੰਤ ਪ੍ਰਾਇਮਰੀ ਸਕੂਲ ਅਧਿਆਪਕਾਂ ਵੱਲੋਂ ਸੈਕੰਡਰੀ ਸਕੂਲਾਂ ਦੇ ਅਧਿਆਪਕਾਂ ਨਾਲ ਜਾਣ-ਪਛਾਣ ਕਰਵਾਉਣ ਸਬੰਧੀ।

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਜਿਵੇਂ ਕਿ ਆਪ ਜੀ ਨੂੰ ਪਤਾ ਹੀ ਹੈ ਕਿ ਸਰਕਾਰੀ ਸਕੂਲਾਂ ਦੇ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਪਾਸ ਹੋਣ ਉਪਰੰਤ ਨਵੇਂ ਮਾਹੌਲ ਭਾਵ ਨਵੇਂ ਸਕੂਲ ਵਿੱਚ ਦਾਖਲਾ ਲੈਣਾ ਹੁੰਦਾ ਹੈ। ਇਹਨਾਂ ਵਿਦਿਆਰਥੀਆਂ ਦੀ ਨਵੀਂ ਥਾਂ 'ਤੇ ਜਾ ਕੇ ਅਧਿਆਪਕਾਂ ਅਤੇ ਹੋਰ ਵਿਦਿਆਰਥੀ ਸਾਥੀਆਂ ਨਾਲ ਜਾਣ-ਪਛਾਣ ਕਰਵਾਉਣ ਅਤੇ ਨਵੇਂ ਸਕੂਲ ਦੇ ਵਾਤਾਵਰਨ ਤੋਂ ਵਾਕਫ਼ ਕਰਵਾਉਣ ਲਈ ਸਿੱਖਿਆ ਵਿਭਾਗ ਵੱਲੋਂ ਇਹ ਫ਼ੈਸਲਾ ਕੀਤਾ ਗਿਆ ਹੈ ਕਿ ਪ੍ਰਾਇਮਰੀ ਸਕੂਲ ਦੇ ਉਹਨਾਂ ਦੇ ਅਧਿਆਪਕ ਛੇਵੀਂ ਜਮਾਤ ਦੇ ਅਧਿਆਪਕਾਂ ਨਾਲ ਉਹਨਾਂ ਦੀ ਜਾਣ-ਪਛਾਣ ਕਰਵਾਉਣ ਲਈ ਮਿਡਲ/ਹਾਈ/ਸੀਨੀਅਰ ਸੈਕੰਡਰੀ ਵਿੱਚ ਉਹਨਾਂ ਕੋਲ ਜਾਣਗੇ।

3.0 ਵਿਦਿਆਰਥੀਆਂ ਦੇ ਸਿੱਖਣ ਪੱਧਰ, ਕੰਮ ਕਰਨ ਦੀ ਸਮਰੱਥਾ, ਸਹਿ-ਅਕਾਦਮਿਕ ਕਿਰਿਆਵਾਂ ਵਿੱਚ ਸਹਿਯੋਗ ਅਤੇ ਭਾਗੀਦਾਰੀ ਦੀ ਸਮਰੱਥਾ, ਖੇਡਾਂ ਵਿੱਚ ਉਹਨਾਂ ਦੇ ਪ੍ਰਦਰਸ਼ਨ ਅਤੇ ਭਵਿੱਖ ਦੀਆਂ ਸੰਭਾਵਨਾਵਾਂ ਆਦਿ ਬਾਰੇ ਬਿਹਤਰ ਹੋਵੇਗਾ ਕਿ ਪ੍ਰਾਇਮਰੀ ਅਧਿਆਪਕ ਛੇਵੀਂ ਜਮਾਤ ਨੂੰ ਪੜ੍ਹਾਉਣ ਵਾਲੇ ਅਧਿਆਪਕਾਂ ਨਾਲ ਵਿਦਿਆਰਥੀਆਂ ਦੀਆਂ ਇਹ ਸਭ ਜਾਣਕਾਰੀਆਂ ਸਾਂਝੀਆਂ ਕਰੇ। ਇੱਥੇ ਇਹ ਵੀ ਵਿਸ਼ੇਸ਼ ਧਿਆਨ ਰੱਖਿਆ ਜਾਵੇ ਕਿ ਵਿਦਿਆਰਥੀਆਂ ਦੇ ਸਾਕਾਰਾਤਮਕ ਪੱਖਾਂ ਬਾਰੇ ਹੀ ਅਧਿਆਪਕਾਂ ਨਾਲ ਚਰਚਾ ਕੀਤੀ ਜਾਵੇ।

4.0 ਸਿੱਖਿਆ ਵਿਭਾਗ ਵੱਲੋਂ ਚਲਾਈ ਜਾ ਰਹੀ ਦਾਖਲਾ ਮੁਹਿੰਮ ਨੂੰ ਹੋਰ ਵੀ ਅਸਰਦਾਰ ਬਣਾਉਣ ਲਈ ਸੈਸ਼ਨ 2018-19 ਦੇ ਪਾਸ-ਆਊਟ ਵਿਦਿਆਰਥੀਆਂ ਨੂੰ ਸਰਕਾਰੀ ਸਕੂਲਾਂ ਅੰਦਰ ਛੇਵੀਂ ਜਮਾਤ ਵਿੱਚ ਦਾਖ਼ਲਾ ਲੈਣ ਉਪਰੰਤ 6 ਅਪ੍ਰੈਲ ਤੋਂ 15 ਅਪ੍ਰੈਲ ਤੱਕ ਕਿਸੇ ਇੱਕ ਦਿਨ ਪ੍ਰਾਇਮਰੀ ਅਧਿਆਪਕ ਨਵੀਂ ਛੇਵੀਂ ਜਮਾਤ ਦੇ ਬੱਚਿਆਂ ਨੂੰ ਮਿਲਣ ਜਾਣਗੇ।

5.0 ਪੰਜਵੀਂ ਜਮਾਤ ਨੂੰ ਪੜ੍ਹਾਉਣ ਵਾਲਾ ਪ੍ਰਾਇਮਰੀ ਅਧਿਆਪਕ ਅੱਧਾ ਦਿਨ ਵਿਦਿਆਰਥੀਆਂ ਨਾਲ ਸਰਕਾਰੀ ਮਿਡਲ/ਹਾਈ/ਸੀਨੀਅਰ ਸੈਕੰਡਰੀ ਸਕੂਲ ਵਿੱਚ ਜਾ ਕੇ ਬਾਕੀ ਅਧਿਆਪਕਾਂ ਨੂੰ ਇਕੱਲੇ-ਇਕੱਲੇ ਵਿਦਿਆਰਥੀ ਬਾਰੇ ਜਾਣਕਾਰੀ ਦੇਵੇਗਾ।

6.0 ਸਰਕਾਰੀ ਮਿਡਲ/ਹਾਈ/ਸੀਨੀਅਰ ਸੈਕੰਡਰੀ ਸਕੂਲਾਂ ਦੇ ਸਕੂਲ ਮੁੱਖੀ ਅਤੇ ਛੇਵੀਂ ਜਮਾਤਾਂ ਦੇ ਦਾਖ਼ਲਾ ਇੰਚਾਰਜ ਧਿਆਨ ਰੱਖਣ ਕਿ ਜਿਸ ਦਿਨ ਸਰਕਾਰੀ ਪ੍ਰਾਇਮਰੀ ਸਕੂਲ ਦੇ ਅਧਿਆਪਕ 2018-19 ਦੇ ਪੰਜਵੀਂ ਦੇ ਪਾਸ-ਆਊਟ ਵਿਦਿਆਰਥੀਆਂ ਨੂੰ ਸਕੂਲ ਮਿਲਣ ਆਉਣਗੇ ਉਸ ਦਿਨ ਪ੍ਰਾਇਮਰੀ ਅਧਿਆਪਕ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇ।

7.0 ਸਕੂਲ ਮੁੱਖੀ ਇਹ ਯਕੀਨੀ ਬਣਾਉਣਗੇ ਕਿ ਸਵੇਰ ਦੀ ਸਭਾ ਵਿੱਚ ਵੀ ਪ੍ਰਾਇਮਰੀ ਅਧਿਆਪਕ ਦੀ ਬਾਕੀ ਸਟਾਫ ਮੈਂਬਰਾਂ ਦੀ ਹਾਜ਼ਰੀ ਵਿੱਚ ਭਰਪੂਰ ਪ੍ਰਸ਼ੰਸ਼ਾ ਕੀਤੀ ਜਾਵੇ ਅਤੇ ਬੱਚਿਆਂ ਦਾ ਦਾਖ਼ਲਾ ਕਰਵਾਉਣ ਉਪਰੰਤ ਆਏ ਪ੍ਰਾਇਮਰੀ ਅਧਿਆਪਕ ਨੂੰ ਸਵੇਰ ਦੀ ਸਭਾ ਵਿੱਚ ਬੋਲਣ ਦਾ ਮੌਕਾ ਦਿੱਤਾ ਜਾਵੇ।

8.0 ਪ੍ਰਾਇਮਰੀ ਸਕੂਲ ਦੇ ਅਧਿਆਪਕ ਪੰਜਵੀਂ ਜਮਾਤ ਦੇ ਪਾਸ-ਆਊਟ ਵਿਦਿਆਰਥੀਆਂ ਨੂੰ ਸਰਕਾਰੀ ਮਿਡਲ/ਹਾਈ/ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਅੱਧਾ ਦਿਨ ਪ੍ਰਾਇਮਰੀ ਅਧਿਆਪਕ ਅਤੇ ਛੇਵੀਂ ਜਮਾਤ ਦੇ ਇੰਚਾਰਜ ਇਕੱਠੇ ਮਿਲਕੇ ਜਮਾਤ ਨੂੰ ਲਗਾਉਣਗੇ।

9.0 ਇਹ ਸੁਨਿਸ਼ਚਿਤ ਕੀਤਾ ਜਾਵੇ ਕਿ ਇੱਕ ਮਹੀਨਾ ਬਾਅਦ ਤੱਕ ਪ੍ਰਾਇਮਰੀ ਅਧਿਆਪਕ ਦੁਆਰਾ ਛੇਵੀਂ ਜਮਾਤ ਵਿੱਚ ਦਾਖ਼ਲ ਕਰਵਾਏ ਵਿਦਿਆਰਥੀਆਂ ਦਾ ਫੀਡਬੈਕ ਲੈਂਦਾ ਰਹੇਗਾ ਅਤੇ ਇੱਕ ਮਹੀਨੇ ਬਾਅਦ ਉਹ ਫਿਰ ਉਸ ਸਕੂਲ ਵਿੱਚ ਜਾ ਕੇ ਵੱਖਰੇ ਤੌਰ 'ਤੇ ਇਕੱਲਿਆਂ ਹੀ ਛੇਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਦੁਬਾਰਾ ਮਿਲੇਗਾ। ਵਿਦਿਆਰਥੀਆਂ ਨੂੰ ਸਕੂਲ ਵਿੱਚਲੇ ਉਸਾਰੂ ਮਾਹੌਲ ਬਾਰੇ ਗੱਲਾਂ ਕਰਨ ਅਤੇ ਕਿਸੇ ਕਿਸਮ ਦੀ ਦਰਪੇਸ਼ ਆ ਰਹੀਆਂ ਮੁਸ਼ਕਿਲਾਂ ਦੇ ਹੱਲ ਲਈ ਪ੍ਰਾਇਮਰੀ ਅਧਿਆਪਕ ਵੱਲੋਂ ਜਮਾਤ ਇੰਚਾਰਜ/ਸਕੂਲ ਮੁੱਖੀ ਨਾਲ ਗੱਲਬਾਤ ਕੀਤੀ ਜਾਵੇ।

10.0 ਜਿਸ ਅਧਿਆਪਕ ਵੱਲੋਂ ਪੰਜਵੀਂ ਜਮਾਤ ਪੜ੍ਹਾਈ ਗਈ ਸੀ ਉਸ ਵੱਲੋਂ ਛੇਵੀਂ ਜਮਾਤ ਦੇ ਇੰਚਾਰਜ ਨਾਲ ਵੀ ਫੋਨ 'ਤੇ ਰਾਬਤਾ ਕਾਇਮ ਰੱਖਿਆ ਜਾਵੇਗਾ।

11.0 ਇਹ ਵੀ ਯਕੀਨੀ ਬਣਾਇਆ ਜਾਵੇ ਕਿ ਸੈਸ਼ਨ 2018-19 ਦੌਰਾਨ ਪੰਜਵੀਂ ਜਮਾਤ ਦਾ ਕੋਈ ਵੀ ਪਾਸ-ਆਊਟ ਵਿਦਿਆਰਥੀ ਛੇਵੀਂ ਜਮਾਤ ਵਿੱਚ ਦਾਖ਼ਲਾ ਲੈਣ ਤੋਂ ਵਾਂਝਾ ਨਾ ਰਹਿ ਜਾਵੇ।

12.0 ਸਰਕਾਰੀ ਮਿਡਲ/ਹਾਈ/ਸੀਨੀਅਰ ਸੈਕੰਡਰੀ ਸਕੂਲਾਂ ਦੇ ਸਕੂਲ ਮੁੱਖੀਆਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੰਜਵੀਂ ਜਮਾਤ ਦੇ ਪਾਸ ਆਊਟ ਵਿਦਿਆਰਥੀ ਜਿਨ੍ਹਾਂ ਨੇ ਛੇਵੀਂ ਵਿੱਚ ਦਾਖ਼ਲਾ ਲਿਆ ਹੈ ਉਹਨਾਂ ਨੂੰ ਸਵੇਰ ਦੀ ਸਭਾ ਵਿੱਚ ਹਿੱਸਾ ਲੈਣ ਦਾ ਮੌਕਾ ਦਿੱਤਾ ਜਾਵੇ ਤੇ ਲਾਇਬ੍ਰੇਰੀ ਵਿੱਚ ਕਿਤਾਬਾਂ ਪੜ੍ਹਣ ਦੀ ਰੁਚੀ ਨੂੰ ਬਣਾਈ ਰੱਖਣ ਤੇ ਹੋਰ ਕਲਾਵਾਂ ਵਿਕਸਿਤ ਕਰਨ ਲਈ ਵਿਸ਼ੇਸ਼ ਧਿਆਨ ਦੇਣ ਲਈ ਕਿਹਾ ਜਾਵੇ।

13.0 ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਸਕੂਲ ਮੁੱਖੀਆਂ ਵੱਲੋਂ ਯਕੀਨੀ ਬਣਾਈ ਜਾਵੇ।

ਡਾਇਰੈਕਟਰ ਐੱਸ.ਸੀ.ਈ.ਆਰ.ਟੀ.
ਪੰਜਾਬ

ਪਿੱਠ ਅੰਕਣ ਨੰ: ਮਿਤੀ

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ ;

1. ਪੀ.ਏ. ਟੂ ਮਾਨਯੋਗ ਸਕੱਤਰ ਸਕੂਲ ਸਿੱਖਿਆ ਪੰਜਾਬ।
2. ਪੀ.ਏ. ਟੀ ਮਾਨਯੋਗ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ।
3. ਡਾਇਰੈਕਟਰ ਸਿੱਖਿਆ ਵਿਭਾਗ (ਸੈਕੰਡਰੀ ਸਿੱਖਿਆ) ਪੰਜਾਬ।
4. ਡਾਇਰੈਕਟਰ ਸਿੱਖਿਆ ਵਿਭਾਗ (ਐਲੀਮੈਂਟਰੀ ਸਿੱਖਿਆ) ਪੰਜਾਬ।
5. ਡੀ.ਐੱਮ. (ਐੱਮ.ਆਈ.ਐੱਸ.) ਨੋਟਿਸ ਬੋਰਡ ਲਈ।

ਡਾਇਰੈਕਟਰ ਐੱਸ.ਸੀ.ਈ.ਆਰ.ਟੀ.,
ਪੰਜਾਬ